# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 06-07-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਰਾਤ ਬ੍ਰਾਜ਼ੀਲ ਦੇ ਰੀਓ ਡੀ ਜਨੇਰੀਓ ਵਿੱਚ ਸ਼ੁਰੂ ਹੋ ਰਹੇ ਬ੍ਰਿਕਸ ਸੰਮੇਲਨ ਵਿੱਚ ਹੋਣਗੇ ਸ਼ਾਮਲ।

- ਅੱਜ ਉੱਘੇ ਚਿੰਤਕ ਅਤੇ ਸਿੱਖਿਆ ਸ਼ਾਸਤਰੀ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੂੰ, ਉਨ੍ਹਾਂ ਦੀ ਜੈਯੰਤੀ ਮੌਕੇ ਸ਼ਰਧਾਂਜਲੀ ਭੇਟ ਕੀਤੀ ਗਈ-ਪੰਜਾਬ ਦਾ ਸੂਬਾ ਪੱਧਰੀ ਸਮਾਗਮ ਚੰਡੀਗੜ੍ਹ ਵਿਖੇ ਜਾਰੀ।

- ਮੋਹਾਲੀ ਦੀ ਅਦਾਲਤ ਵਲੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦੇ ਮਾਮਲੇ ਵਿਚ, 19 ਜੁਲਾਈ ਤੱਕ ਨਿਆਂਇਕ ਹਿਰਾਸਤ ਵਿੱਚ ਭੇਜਿਆ ਗਿਆ।

- - ਪੰਜਾਬ ਦੇ ਸਿਹਤ ਮੰਤਰੀ ਡਾ: ਬਲਬੀਰ ਸਿੰਘ ਨੇ ਪਟਿਆਲਾ ਦੇ ਹੈਜਾ ਪੀੜਤ ਪਿੰਡ ‘ਚ ਹਾਲਾਤ ਦਾ ਜਾਇਜ਼ਾ ਲਿਆ -

ਹੈਜੇ ਦੀ ਰੋਕਥਾਮ ਲਈ ਸਖ਼ਤ ਕਦਮ ਚੁੱਕਣ ਦੀਆਂ ਹਦਾਇਤਾਂ ਜਾਰੀ।

- ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਆਸ਼ੂਰਾ-ਏ-ਮੁਹਰਮ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ। ਅਤੇ

- ਜਲੰਧਰ ਤੇ ਮੋਹਾਲੀ ਸਮੇਤ ਪੰਜਾਬ ਦੇ ਕੁਝ ਹਿੱਸਿਆਂ ਅੱਜ ਵਿੱਚ ਭਾਰੀ ਮੀਂਹ ਪਿਆ- ਮੌਸਮ ਵਿਭਾਗ ਵਲੋਂ 8 ਜੁਲਾਈ ਤੱਕ ਔਰੰਜ ਅਲਰਟ ਜਾਰੀ ।

ਹੁਣ ਖਬਰਾਂ ਵਿਸਥਾਰ ਨਾਲ.....

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਰਾਤ ਬ੍ਰਾਜ਼ੀਲ ਦੇ ਰੀਓ ਡੀ ਜਨੇਰੀਓ ਵਿੱਚ ਸ਼ੁਰੂ ਹੋ ਰਹੇ ਬ੍ਰਿਕਸ ਸੰਮੇਲਨ ਵਿੱਚ ਸ਼ਾਮਲ ਹੋਣਗੇ। ਸੰਮੇਲਨ ਦਾ ਉਦੇਸ਼ ਮੈਂਬਰ ਦੇਸ਼ਾਂ ਵਿੱਚ ਸਹਿਯੋਗ ਨੂੰ ਉਤਸ਼ਾਹਿਤ ਕਰਨਾ ਏ । 17ਵੇਂ ਬ੍ਰਿਕਸ ਸੰਮੇਲਨ ਵਿੱਚ ਆਲਮੀ ਸ਼ਾਸਨ ਸੁਧਾਰਾਂ ਅਤੇ ਜਲਵਾਯੂ ਪਰਿਵਰਤਨ ਨਾਲ ਸਬੰਧਤ ਚੁਣੌਤੀਆਂ ਵਰਗੇ ਮੁੱਦਿਆਂ 'ਤੇ ਵੀ ਚਰਚਾ ਕੀਤੀ ਜਾਵੇਗੀ। ਸੰਮੇਲਨ ਦੌਰਾਨ, ਪ੍ਰਧਾਨ ਮੰਤਰੀ ਮੋਦੀ ਕਈ ਨੇਤਾਵਾਂ ਨਾਲ ਵੀ ਚਰਚਾ ਕਰਨਗੇ। ਪ੍ਰਧਾਨ ਮੰਤਰੀ ਬ੍ਰਾਜ਼ੀਲ ਦੇ ਰਾਸ਼ਟਰਪਤੀ ਇਨਾਸੀਓ ਲੂਲਾ ਡਾ ਸਿਲਵਾ ਨਾਲ ਦੋਵਾਂ ਦੇਸ਼ਾਂ ਵਿਚਕਾਰ

ਮਜ਼ਬੂਤ ਰਣਨੀਤਕ ਸਬੰਧਾਂ ਬਾਰੇ ਚਰਚਾ ਕਰਨਗੇ। ਬ੍ਰਾਜ਼ੀਲ ਪਹੁੰਚਣ 'ਤੇ ਪ੍ਰਧਾਨ ਮੰਤਰੀ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ।

____________________________________________________

ਅੱਜ ਜਨ ਸੰਘ ਦੇ ਸੰਸਥਾਪਕ, ਉੱਘੇ ਚਿੰਤਕ ਅਤੇ ਸਿੱਖਿਆ ਸ਼ਾਸਤਰੀ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਜੈਯੰਤੀ ਮਨਾਈ ਜਾ ਰਹੀ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਡਾ. ਮੁਖਰਜੀ ਦੇ ਆਦਰਸ਼ ਅਤੇ ਸਿਧਾਂਤ ਇੱਕ ਵਿਕਸਤ ਅਤੇ ਆਤਮ-ਨਿਰਭਰ ਭਾਰਤ ਦੇ ਨਿਰਮਾਣ ਲਈ ਕੀਮਤੀ ਨੇ। ਰੇਲ ਮੰਤਰੀ ਅਸ਼ਵਨੀ ਵੈਸ਼ਨਵ ਸਮੇਤ ਹੋਰਨਾਂ ਮੰਤਰੀਆਂ ਨੇ ਨਵੀਂ ਦਿੱਲੀ ਦੇ ਸ਼ਹੀਦ ਪਾਰਕ ਵਿਖੇ ਡਾ. ਮੁਖਰਜੀ ਦੀ ਮੂਰਤੀ 'ਤੇ ਫੁੱਲ ਮਾਲਾਵਾਂ ਭੇਟ ਕੀਤੀਆਂ। ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਭਾਰਤੀ ਭਾਸ਼ਾਵਾਂ ਦੀ ਮਹੱਤਤਾ ਦੀ ਵਕਾਲਤ ਕਰਨ ਵਿੱਚ ਡਾ. ਮੁਖਰਜੀ ਦੇ ਯੋਗਦਾਨ ਦੀ ਸ਼ਲਾਘਾ ਕੀਤੀ।
BYTE:RNU060725

____________________________________________________

ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੀ 125ਵੀਂ ਜਨਮ ਵਰ੍ਹੇਗੰਢ ਮਨਾਉਣ ਲਈ, ਇੱਕ ਸੂਬਾ ਪੱਧਰੀ ਪ੍ਰੋਗਰਾਮ ਚੰਡੀਗੜ੍ਹ ਵਿਖੇ ਚੱਲ ਰਿਹਾ ਏ। ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ, ਮੁੱਖ ਮਹਿਮਾਨ ਵਜੋਂ ਪ੍ਰੋਗਰਾਮ ਵਿਚ ਸ਼ਿਰਕਤ ਕਰ ਰਹੇ ਨੇ।

---

ਇਸ ਮੌਕੇ ਪੰਜਾਬ ਸਮੇਤ ਦੇਸ਼ ਭਰ ਵਿਚ ਵੱਖ-ਵੱਖ ਸਮਾਗਮ ਕਰਕੇ ਡਾ. ਮੁਖਰਜੀ ਨੂੰ ਸ਼ਰਧਾਂਜਲੀ ਦਿਤੀ ਗਈ ਪਠਾਨਕੋਟ ਵਿਚ ਮਾਧੋਪੁਰ ਸਥਿਤ ਸ਼ਿਆਮਾ ਪ੍ਰਸਾਦ ਮੁਖਰਜੀ ਸਮਾਰਕ, ਏਕਤਾ ਸਥਲ ਵਿਖੇ ਸਮਾਗਮ ਕੀਤਾ ਗਿਆ । BJP ਦੇ ਸੂਬਾ ਜਨਰਲ ਸਕੱਤਰ ਰਾਕੇਸ਼ ਰਾਠੌਰ, ਪਠਾਨਕੋਟ ਦੇ ਵਿਧਾਇਕ ਅਸ਼ਵਨੀ ਸ਼ਰਮਾ ਅਤੇ ਹੋਰ ਆਗੂ ਪ੍ਰੋਗਰਾਮ ਵਿੱਚ ਸ਼ਾਮਲ ਹੋਏ । ਸਾਰੇ ਆਗੂਆਂ ਨੇ ਡਾ. ਮੁਖਰਜੀ ਨੂੰ ਉਨ੍ਹਾਂ ਦੇ ਬੁੱਤ 'ਤੇ ਫੁੱਲ ਭੇਟ ਕਰਕੇ ਸ਼ਰਧਾਂਜਲੀ ਦਿੱਤੀ। ਰਾਕੇਸ਼ ਰਾਠੌਰ ਨੇ ਕਿਹਾ ਕਿ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੇ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ ਸੀ । ਅਸ਼ਵਨੀ ਸ਼ਰਮਾ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਜਨ ਸੰਘ ਦੇ ਸੰਸਥਾਪਕ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੇ ਜੀਵਨ ਤੋਂ ਪ੍ਰੇਰਨਾ ਲੈਣੀ ਚਾਹੀਦੀ ਏ ।BYTE:

---

ਮੇਰਾ ਯੁਵਾ ਭਾਰਤ ਚੰਡੀਗੜ੍ਹ, ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਨੇ, ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੀ ਜਨਮ ਵਰ੍ਹੇਗੰਢ ਮਨਾਉਣ ਲਈ ਚੰਡੀਗੜ੍ਹ ਦੇ PEC ਕੈਂਪਸ ਵਿਖੇ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ। ਇਸ ਸਮਾਗਮ ਦਾ ਮੁੱਖ ਆਕਰਸ਼ਣ "ਭਾਰਤ ਦੀ ਏਕਤਾ ਅਤੇ

ਪ੍ਰਭੂਸੱਤਾ - ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦਾ ਦ੍ਰਿਸ਼ਟੀਕੋਣ" ਥੀਮ 'ਤੇ ਕੇਂਦ੍ਰਿਤ ਇੱਕ ਭਾਸ਼ਣ ਮੁਕਾਬਲਾ ਸੀ। ਇਸ ਮੁਕਾਬਲੇ ਦਾ ਉਦੇਸ਼ ਨੌਜਵਾਨਾਂ ਵਿੱਚ ਦੇਸ਼ ਭਗਤੀ ਪੈਦਾ ਕਰਨਾ ਅਤੇ ਰਾਸ਼ਟਰੀ ਏਕਤਾ ਅਤੇ ਪ੍ਰਭੂਸੱਤਾ ਪ੍ਰਤੀ ਡਾ. ਮੁਖਰਜੀ ਦੇ ਸਥਾਈ ਯੋਗਦਾਨ 'ਤੇ ਪ੍ਰਤੀਬਿੰਬਤ ਕਰਨਾ ਸੀ। ਕੁੱਲ 50 ਭਾਗੀਦਾਰਾਂ ਨੇ ਮੁਕਾਬਲੇ ਵਿੱਚ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਭਾਸ਼ਣ ਦਿੱਤੇ। ਭਾਸ਼ਣ ਮੁਕਾਬਲੇ ਦੇ ਜੇਤੂਆਂ ਨੂੰ ਇਨਾਮ ਰਾਸ਼ੀ ਤੇ ਸਰਟੀਫਿਕੇਟ ਦੇਕੇ ਸਨਮਾਨਿਤ ਕੀਤਾ ਗਿਆ। ਨਗਰ ਨਿਗਮ, ਚੰਡੀਗੜ੍ਹ ਦੇ ਮੇਅਰ ਹਰਪ੍ਰੀਤ ਕੌਰ ਬਬਲਾ ਸਮੇਤ ਹੋਰਨਾਂ ਪਤਵੰਤਿਆਂ ਨੇ ਸ਼ਿਰਕਤ ਕੀਤੀ, । ਮਹਿਮਾਨਾਂ ਅਤੇ ਭਾਗੀਦਾਰਾਂ ਦੇ ਨਾਲ "ਏਕ ਪੇੜ ਮਾਂ ਕੇ ਨਾਮ" ਮੁਹਿੰਮ ਤਹਿਤ ਬੂਟੇ ਵੀ ਲਾਏ ।

---

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਅੱਜ 19 ਜੁਲਾਈ ਤੱਕ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਏ। ਇਸ ਤੋਂ ਪਹਿਲਾਂ, 11 ਦਿਨਾਂ ਦੇ ਵਿਜੀਲੈਂਸ ਰਿਮਾਂਡ ਦੀ ਮਿਆਦ ਖਤਮ ਹੋਣ ਤੋਂ ਬਾਅਦ, ਸਵੇਰੇ ਉਨ੍ਹਾਂ ਨੂੰ ਮੋਹਾਲੀ ਦੀ ਇੱਕ ਅਦਾਲਤ ਵਿੱਚ ਪੇਸ਼ ਕੀਤਾ ਗਿਆ ਸੀ। ਵਿਜੀਲੈਂਸ ਬਿਊਰੋ ਨੇ 25 ਜੂਨ ਨੂੰ ਬਿਕਰਮ ਮਜੀਠੀਆ ਨੂੰ ਉਨ੍ਹਾਂ ਦੇ ਅੰਮ੍ਰਿਤਸਰ ਸਥਿਤ ਘਰ ਤੋਂ, ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿੱਚ

ਗ੍ਰਿਫ਼ਤਾਰ ਕੀਤਾ ਸੀ,ਜਿਸ ਵਿਚ ਕਥਿਤ ਤੋਰ 'ਤੇ ਡਰੱਗ ਮਨੀ ਦੇ 540 ਕਰੋੜ ਰੁਪਏ ਦੀ ਹੇਰਾਫੇਰੀ ਵੀ ਸ਼ਾਮਿਲ ਏ । 25 ਜੂਨ ਨੂੰ ਇੱਕ ਅਧਿਕਾਰਤ ਬਿਆਨ ਵਿੱਚ, ਵਿਜੀਲੈਂਸ ਬਿਊਰੋ ਨੇ ਕਿਹਾ ਸੀ ਕਿ ਦਸੰਬਰ, 2021 ਵਿੱਚ ਨਸ਼ਿਆਂ ਦੀ ਰੋਕਥਾਮ ਬਾਰੇ ਐਕਟ, 1985 ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਦਰਜ ਮਾਮਲਿਆਂ ਦੀ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ ਦੀ ਰਿਪੋਰਟ ਦੇ ਆਧਾਰ 'ਤੇ, ਸ੍ਰੀ ਮਜੀਠੀਆ ਖਿਲਾਫ ਮਾਮਲਾ ਦਰਜ ਕੀਤਾ ਗਿਆ । ਰਿਪੋਰਟ ਵਿੱਚ, ਸ੍ਰੀ ਮਜੀਠੀਆ ਵਲੋਂ ਡਰੱਗ ਮਨੀ ਦੀ ਵੱਡੇ ਪੱਧਰ 'ਤੇ ਹੇਰਾਫੇਰੀ ਨੂੰ ਦਰਸਾਉਂਦੇ ਠੋਸ ਸਬੂਤ ਸਾਹਮਣੇ ਆਏ ਸਨ।

---

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ: ਬਲਬੀਰ ਸਿੰਘ ਪਟਿਆਲਾ ਦੇ ਪਿੰਡ ਅਲੀਪੁਰ ਅਰਾਈਆਂ ਵਿਖੇ ਪਿੰਡ ਵਿੱਚ ਹੈਜੇ ਦੇ 56 ਮਾਮਲਿਆਂ ਦੀ ਜਾਣਕਾਰੀ ਮਿਲਦੇ ਹੀ ਲੋਕਾਂ ਦੀ ਹਾਲਤ ਬਾਰੇ ਜਾਣਕਾਰੀ ਲੈਣ ਲਈ ਜ਼ਿਲ੍ਹਾ ਪ੍ਰਸ਼ਾਸ਼ਨ, ਸਿਹਤ ਵਿਭਾਗ ਅਤੇ ਨਗਰ ਨਿਗਮ ਦੀਆਂ ਟੀਮਾਂ ਨਾਲ ਪਹੁੰਚੇ । ਉਹਨਾਂ ਪੀੜਤ ਪਰਿਵਾਰਾਂ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਪੀੜਤ ਮਰੀਜਾਂ ਅਤੇ ਉਨਾਂ ਦੇ ਪਰਿਵਾਰਾਂ ਦੇ ਨਾਲ ਖੜੀ ਏ । ਉਹਨਾਂ ਕਿਹਾ ਕਿ ਹੈਜੇ ਦੀ ਰੋਕਥਾਮ ਲਈ ਉਹ ਖੁਦ ਨਿਗਰਾਨੀ ਕਰ ਰਹੇ ਹਨ ਅਤੇ ਬਿਮਾਰੀ ਨੂੰ

ਜੜ੍ਹ ਤੋਂ ਖ਼ਤਮ ਕੀਤਾ ਜਾਵੇਗਾ। ਡਾ ਬਲਬੀਰ ਸਿੰਘ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਕਿ ਇਸਦੇ ਦੇ ਫੈਲਾਅ ਨੂੰ ਰੋਕਣ ਲਈ ਫੌਰੀ ਅਤੇ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣ। ਉਹਨਾਂ ਕਿਹਾ ਕਿ ਬਿਮਾਰ ਮਰੀਜਾਂ ਦਾ ਇਲਾਜ ਮੁਫ਼ਤ ਕੀਤਾ ਜਾ ਰਿਹਾ ਏ ਅਤੇ ਪਿੰਡ ਵਿੱਚ ਡਿਸਪੈਂਸਰੀਆਂ ਵੀ ਖੋਲੀਆਂ ਗਈਆਂ ਹਨ ਜਿੱਥੇ ਓ.ਆਰ.ਐਸ., ਐਂਟੀਬਾਇਓਟਿਕ ਦਵਾਈਆਂ ਅਤੇ ਕਲੋਰੀਨ ਦੀਆਂ ਦਵਾਈਆਂ ਮੁਫ਼ਤ ਦਿੱਤੀਆਂ ਜਾ ਰਹੀਆਂ ਹਨ। ਡਾ ਬਲਬੀਰ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਵਿਅਕਤੀ ਨੂੰ ਲਗਾਤਾਰ ਦਸਤ, ਉਲਟੀ ਜਾਂ ਕਮਜ਼ੋਰੀ ਮਹਿਸੂਸ ਹੋਵੇ ਤਾਂ ਉਹ ਤੁਰੰਤ ਨੇੜਲੇ ਸਿਹਤ ਕੇਂਦਰ ਜਾਂ ਹਸਪਤਾਲ ਵਿੱਚ ਪਹੁੰਚਣ ਜਿੱਥੇ ਸਰਕਾਰ ਵੱਲੋਂ 24 ਘੰਟੇ ਦੀ ਸੁਵਿਧਾ ਮੁਹੱਈਆ ਕਰਵਾਈ ਗਈ ਏ ਅਤੇ ਇਲਾਜ ਵੀ ਮੁਫ਼ਤ ਏ । ਉਹਨਾਂ ਕਿਹਾ ਕਿ ਸਿਹਤ ਟੀਮ ਵੱਲੋਂ ਲਗਾਤਾਰ ਪਾਣੀ ਦੀ ਜਾਂਚ ਵੀ ਕੀਤੀ ਜਾ ਰਹੀ ਏ । ਇਸ ਮੌਕੇ ਸਿਹਤ ਵਿਭਾਗ ਦੀ ਟੀਮ ਨੇ ਜਾਣਕਾਰੀ ਦਿੱਤੀ ਕਿ ਪਿੰਡ ਵਿੱਚ 56 ਮਾਮਲੇ ਸਾਹਮਣੇ ਆਏ ਹਨ ਅਤੇ ਸਿਹਤ ਵਿਭਾਗ ਤਿੰਨ ਦਿਨਾਂ ਤੋਂ ਪਿੰਡ ਵਿੱਚ ਮੈਡੀਕਲ ਕੈਂਪ ਚਲਾ ਰਿਹਾ ਏ ਜਿਸ ਰਾਹੀਂ ਲੋਕਾਂ ਨੂੰ ਇਲਾਜ ਅਤੇ ਜਾਗਰੁਕਤਾ ਕੀਤਾ ਜਾ ਰਿਹਾ ਏ । ਸਿਹਤ ਮੰਤਰੀ ਨੇ ਨਗਰ ਨਿਗ਼ਮ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪੀਣ ਵਾਲੇ ਪਾਣੀ ਦੀ ਸਫ਼ਾਈ ਨੂੰ ਯਕੀਨੀ ਬਣਾਇਆ ਜਾਵੇ ਅਤੇ ਨਾਲੀਆਂ ਅਤੇ

ਨਾਲਿਆਂ ਦੀ ਤੁੰਰਤ ਸਫ਼ਾਈ ਕਰਵਾਈ ਜਾਵੇ।

———————————————————————————————————

ਖੁਰਾਕ ਸੁਰੱਖਿਆ ਵਿੰਗ ਵੱਲੋਂ ਫੂਡ ਬਿਜ਼ਨਸ ਓਪਰੇਟਰਾਂ ਨੂੰ ਬਰਸਾਤ ਦੇ ਮੌਸਮ ਦੌਰਾਨ ਕੀਤੇ ਜਾਣ ਵਾਲੇ ਸੁਰੱਖਿਆ ਉਪਾਵਾਂ ਅਤੇ ਸਾਵਧਾਨੀਆਂ ਬਾਰੇ ਜਾਣੂ ਕਰਵਾਉਣ ਲਈ ਜਲੰਧਰ ਵਿਚ ਜਾਗਰੂਕਤਾ ਕੈਂਪ ਲਾਇਆ ਗਿਆ। ਖੁਰਾਕ ਬਾਰੇ  ਸਹਾਇਕ ਕਮਿਸ਼ਨਰ ਡਾ. ਹਰਜੋਤਪਾਲ ਸਿੰਘ ਦੀ ਅਗਵਾਈ ਵਿਚ ਖੁਰਾਕ ਸੁਰੱਖਿਆ ਅਫ਼ਸਰ ਮੁਕਲ ਗਿੱਲ ਵਲੋਂ ਲਗਾਏ ਗਏ ਇਸ ਕੈਂਪ ਵਿੱਚ ਵੱਖ-ਵੱਖ ਜਥੇਬੰਦੀਆਂ  ਅਤੇ ਖੁਰਾਕ  ਸ਼੍ਰੇਣੀਆਂ ਦੇ ਨੁਮਾਇੰਦਿਆਂ ਨੇ  ਸ਼ਿਰਕਤ ਕੀਤੀ। ਮੁਕਲ ਗਿੱਲ ਵੱਲੋਂ ਖਾਣ-ਪੀਣ ਵਾਲੇ ਪਦਾਰਥ ਵੇਚਣ ਵਾਲਿਆਂ ਨੂੰ ਬਰਸਾਤ ਦੇ ਦਿਨਾਂ ਵਿੱਚ ਸਾਫ-ਸਫਾਈ ਦਾ ਵਿਸ਼ੇਸ਼ ਤੌਰ ‘ਤੇ ਧਿਆਨ ਦੇਣ ਦੀ ਹਦਾਇਤ ਕੀਤੀ ਗਈ।  ਉਨ੍ਹਾਂ ਨੂੰ ਇਹ ਵੀ ਹਦਾਇਤ ਕੀਤੀ ਕਿ ਲੋਕਾਂ ਨੂੰ ਸਾਫ ਸੁਥਰੀ ਤੇ ਚੰਗੀ ਗੁਣਵੱਤਾ ਦੀਆਂ ਖਾਣ-ਪੀਣ ਵਾਲੀਆਂ ਵਸਤੂਆਂ ਹੀ ਮੁਹੱਈਆ ਕਰਵਾਉਣ। ਉਨ੍ਹਾਂ ਕਿਹਾ ਕਿ ਮਿਲਾਵਟ ਕਰਨ ਵਾਲਿਆਂ ‘ਤੇ ਸਖਤ ਕਾਰਵਾਈ ਕੀਤੀ ਜਾਵੇਗੀ।

———————————————————————————————————

ਅੱਜ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ  ਅਸ਼ੂਰਾ-ਏ -ਮੁਹੱਰਮ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ । ਇਹ ਦਿਨ, ਪੈਗੰਬਰ ਮੁਹੰਮਦ ਦੇ

ਦੋਹਤਰੇ, ਹਜ਼ਰਤ ਇਮਾਮ ਹੁਸੈਨ, ਅਤੇ ਉਨ੍ਹਾਂ ਦੇ ਸਾਥੀਆਂ ਦੀ ਸ਼ਹਾਦਤ ਨੂੰ ਦਰਸਾਉਂਦਾ ਏ, ਜਿਨ੍ਹਾਂ ਨੇ ਕਰਬਲਾ ਵਿੱਚ ਸੱਚਾਈ, ਧਰਮ ਅਤੇ ਨਿਆਂ ਨੂੰ ਕਾਇਮ ਰੱਖਣ ਲਈ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ ਸਨ। ਇਸ ਮੌਕੇ ਨੂੰ ਮਨਾਉਣ ਲਈ ਤਾਜ਼ੀਆ ਜਲੂਸ ਕੱਢੇ ਜਾ ਰਹੇ ਨੇ । ਕਰਬਲਾ ਦੇ ਸ਼ਹੀਦਾਂ ਦੀ ਕੁਰਬਾਨੀ ਨੂੰ ਉਜਾਗਰ ਕਰਨ ਵਾਲੀਆਂ ਧਾਰਮਿਕ ਸਭਾਵਾਂ ਵੀ ਕਰਾਈਆਂ ਗਈਆਂ । ਇਸ ਮੌਕੇ 'ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਹਜ਼ਰਤ ਇਮਾਮ ਹੁਸੈਨ ਨੇ ਲੋਕਾਂ ਨੂੰ ਵਿਪਰੀਤ ਹਾਲਾਤ ਵਿੱਚ ਵੀ ਸੱਚ 'ਤੇ ਅਡੋਲ ਰਹਿਣ ਲਈ ਪ੍ਰੇਰਿਤ ਕੀਤਾ ਸੀ।

---

ਕੈਲਾਸ਼ ਮਾਨਸਰੋਵਰ ਸ਼ਰਧਾਲੂਆਂ ਦਾ ਦੂਜਾ ਜੱਥਾ ਆਪਣੀ ਯਾਤਰਾ ਪੂਰੀ ਕਰਨ ਤੋਂ ਬਾਅਦ ਅੱਜ ਗੰਗਟੋਕ ਵਾਪਸ ਪਰਤਿਆ । 47 ਸ਼ਰਧਾਲੂਆਂ ਦੇ ਦੂਜੇ ਜੱਥੇ ਨੇ 25 ਜੂਨ ਨੂੰ ਨਾਥੂ ਲਾ ਸਰਹੱਦ ਪਾਰ ਕਰਕੇ ਆਪਣੀ ਯਾਤਰਾ ਸ਼ੁਰੂ ਕੀਤੀ। ਤੀਰਥ ਯਾਤਰੀਆਂ ਨੇ ਸਿੱਕਮ ਸਰਕਾਰ ਦਾ ਨਿਰਵਿਘਨ ਪ੍ਰਬੰਧਨ ਅਤੇ ਮਹਿਮਾਨ ਨਿਵਾਜ਼ੀ ਲਈ ਦਿਲੋਂ ਧੰਨਵਾਦ ਕੀਤਾ ਏ । ਇਤਿਹਾਸਕ ਕੈਲਾਸ਼ ਮਾਨਸਰੋਵਰ ਯਾਤਰਾ ਪਿਛਲੇ ਮਹੀਨੇ ਦੀ 20 ਤਰੀਕ ਨੂੰ ਨਾਥੂ-ਲਾ ਤੋਂ ਸ਼ੁਰੂ ਹੋਈ ਸੀ, ।

---

ਰੂਪਨਗਰ ਜਿਲ੍ਹਾ ਪੁਲਿਸ ਵਲੋਂ ਵੱਖ-ਵੱਖ ਥਾਵਾਂ ਤੇ ਨਾਕਾਬੰਦੀਆਂ ਅਤੇ ਗਸ਼ਤ ਰਾਂਹੀ ਨਸ਼ਾ ਤਸਕਰਾਂ ਅਤੇ ਭੈੜੇ ਅਨਸਰਾਂ ਦੀ ਚੈਕਿੰਗ ਕੀਤੀ ਜਾ ਰਹੀ ਏ। ਸ੍ਰੀ ਚਮਕੌਰ ਸਾਹਿਬ ਪੁਲਿਸ ਨੇ ਵੱਲੋਂ 4 ਨਸ਼ਾ ਤਸਕਰਾਂ ਨੂੰ ਕਾਬੂ ਕੀਤਾ ਏ। ਇਨਾ ਦੀ ਪਛਾਣ ਵਿਸਾਲਦੀਪ ਸਿੰਘ ,ਵਿਕਰਮਜੀਤ ਸਿੰਘ ਦਲਵੀਰ ਸਿੰਘ ਅਤੇ ਗੁਰਚਰਨ ਸਿੰਘ ਉਰਫ ਚਾਨਾ ਵਜੋਂ ਹੋਈ ਏ। ਪੁਲਿਸ ਨੇ ਉਨ੍ਹਾਂ ਖਿਲਾਫ ਮੁਕੱਦਮਾ ਦਰਜ਼ ਕਰਕੇ ਅਗਲੀ ਕਾਰਵਾਈ ਸ਼ੁਰੂ ਕੀਤੀ ਏ ।

---

ਜਲੰਧਰ ਤੇ ਮੋਹਾਲੀ ਸਮੇਤ ਪੰਜਾਬ ਦੇ ਕੁਝ ਹਿੱਸਿਆਂ ਅੱਜ ਵਿੱਚ ਭਾਰੀ ਮੀਂਹ ਪਿਆ। ਜਿਸ ਨਾਲ ਤਾਪਮਾਨ ਵਿੱਚ ਗਿਰਾਵਟ ਦਰਜ ਕੀਤੀ ਗਈ ਅਤੇ ਦਿਨ ਭਰ ਸੰਘਣੀ ਬੱਦਲਵਾਈ ਵੀ ਬਣੀ ਰਹੀ । ਮੌਸਮ ਵਿਭਾਗ ਵਲੋਂ ਅਗਲੇ ਦੋ ਦਿਨਾਂ ਦੌਰਾਨ ਹਰਿਆਣਾ, ਚੰਡੀਗੜ੍ਹ, ਅਤੇ ਹਿਮਾਚਲ ਪ੍ਰਦੇਸ਼ ਵਿੱਚ ਵੀ ਇਸੇ ਤਰ੍ਹਾਂ ਦਾ ਮੌਸਮ ਰਹਿਣ ਦੀ ਉਮੀਦ ਏ। ਮੌਸਮ ਵਿਭਾਗ ਨੇ ਇਸ ਮਹੀਨੇ ਦੀ 8 ਤਰੀਕ ਤੱਕ ਇਨ੍ਹਾਂ ਇਲਾਕਿਆਂ ਲਈ ORANGE ALERT ਜਾਰੀ ਕੀਤਾ ਏ । ਓਧਰ ਹਿਮਾਚਲ ਪ੍ਰਦੇਸ਼ ਵਿੱਚ ਮਾਨਸੂਨ ਦੀ ਬਾਰਿਸ਼ ਦਾ ਕਹਿਰ ਜਾਰੀ ਏ। ਮੌਸਮ ਵਿਭਾਗ ਨੇ ਮੰਡੀ, ਕਾਂਗੜਾ ਅਤੇ ਸਿਰਮੌਰ ਜ਼ਿਲ੍ਹਿਆਂ ਵਿੱਚ ਭਾਰੀ ਬਾਰਿਸ਼ ਲਈ ਰੈੱਡ ਅਲਰਟ ਜਾਰੀ ਕੀਤਾ ਏ ।

---

ਇਸੇ ਦੌਰਾਨ ਹੁਸ਼ਿਆਰਪੁਰ ਦੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਲੋਕਾਂ ਨੂੰ ਲਗਾਤਾਰ ਹੋ ਰਹੀ ਭਾਰੀ ਬਾਰਸ਼ ਕਰਕੇ ਪੈਦਾ ਹੋਈ ਸੰਭਾਵੀ ਹੜ੍ਹ ਦੀ ਸਥਿਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਡੈਮ, ਦਰਿਆ, ਨਹਿਰਾਂ, ਖੱਡਾਂ ਅਤੇ ਨੀਵੇਂ ਇਲਾਕਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ ਏ। ਉਨ੍ਹਾਂ ਕਿਹਾ ਕਿ ਹਿਮਾਚਲ ਪ੍ਰਦੇਸ਼ ਵਿੱਚ ਹੋ ਰਹੀ ਭਾਰੀ ਬਾਰਸ਼ ਦੇ ਕਾਰਨ ਜ਼ਿਲ੍ਹੇ ਤੋਂ ਲੰਘਣ ਵਾਲੇ ਦਰਿਆ, ਚੋਅ ਅਤੇ ਖੱਡਾਂ ਵਿੱਚ ਕਾਫੀ ਪਾਣੀ ਆ ਜਾਂਦਾ ਏ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਹੜ੍ਹ ਨਾਲ ਨਜਿੱਠਣ ਲਈ ਜ਼ਿਲ੍ਹਾ ਪੱਧਰ 'ਤੇ ਇੱਕ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਏ, ਜੋ ਕਿ 7 ਦਿਨ, 24 ਘੰਟੇ ਕੰਮ ਕਰ ਰਿਹਾ ਏ। ਇਸ ਕੰਟਰੋਲ ਰੂਮ ਰਾਹੀਂ ਹੜ੍ਹ ਸਬੰਧੀ ਸਾਰੀਆਂ ਸੂਚਨਾਵਾਂ ਦਾ ਤੁਰੰਤ ਅਦਾਨ-ਪ੍ਰਦਾਨ ਕੀਤਾ ਜਾਵੇਗਾ ਅਤੇ ਲੋੜਵੰਦ ਲੋਕਾਂ ਤਕ ਫੌਰੀ ਰਾਹਤ ਪਹੁੰਚਾਈ ਜਾਵੇਗੀ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਰਾਤ ਬ੍ਰਾਜ਼ੀਲ ਦੇ ਰੀਓ ਡੀ ਜਨੇਰੀਓ ਵਿੱਚ ਸ਼ੁਰੂ ਹੋ ਰਹੇ ਬ੍ਰਿਕਸ ਸੰਮੇਲਨ ਵਿੱਚ ਹੋਣਗੇ ਸ਼ਾਮਲ।

- ਅੱਜ ਉੱਘੇ ਚਿੰਤਕ ਅਤੇ ਸਿੱਖਿਆ ਸ਼ਾਸਤਰੀ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੂੰ, ਉਨ੍ਹਾਂ ਦੀ ਜੈਯੰਤੀ ਮੌਕੇ ਸ਼ਰਧਾਂਜਲੀ ਭੇਟ ਕੀਤੀ ਗਈ-ਪੰਜਾਬ ਦਾ ਸੂਬਾ ਪੱਧਰੀ ਸਮਾਗਮ ਚੰਡੀਗੜ੍ਹ ਵਿਖੇ ਜਾਰੀ।

- ਮੋਹਾਲੀ ਦੀ ਅਦਾਲਤ ਵਲੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ  ਬਿਕਰਮ ਸਿੰਘ ਮਜੀਠੀਆ ਨੂੰ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦੇ ਮਾਮਲੇ ਵਿਚ, 19 ਜੁਲਾਈ ਤੱਕ ਨਿਆਂਇਕ ਹਿਰਾਸਤ ਵਿੱਚ ਭੇਜਿਆ ਗਿਆ।

- - ਪੰਜਾਬ ਦੇ ਸਿਹਤ ਮੰਤਰੀ ਡਾ: ਬਲਬੀਰ ਸਿੰਘ ਨੇ ਪਟਿਆਲਾ ਦੇ ਹੈਜਾ ਪੀੜਤ ਪਿੰਡ 'ਚ ਹਾਲਾਤ ਦਾ ਜਾਇਜ਼ਾ ਲਿਆ - ਹੈਜੇ ਦੀ ਰੋਕਥਾਮ ਲਈ ਸਖ਼ਤ ਕਦਮ ਚੁੱਕਣ ਦੀਆਂ ਹਦਾਇਤਾਂ ਜਾਰੀ।

- ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਆਸ਼ੂਰਾ-ਏ-ਮੁਹਰਮ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ।

- ਜਲੰਧਰ ਤੇ ਮੋਹਾਲੀ ਸਮੇਤ ਪੰਜਾਬ ਦੇ ਕੁਝ ਹਿੱਸਿਆਂ ਅੱਜ ਵਿੱਚ ਭਾਰੀ ਮੀਂਹ ਪਿਆ- ਮੌਸਮ ਵਿਭਾਗ ਵਲੋਂ 8 ਜੁਲਾਈ ਤੱਕ ਔਰੇਂਜ ਅਲਰਟ ਜਾਰੀ ।

- ਇਸਦੇ ਨਾਲ ਪ੍ਰਦੇਸ਼ਕ

ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,  ਰਾਸ਼ਟਰੀ

ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸ
ਕਾਰ